ਨੰ: 2/90/09-2ਸਿ3 / 1254

ਪੰਜਾਬ ਸਰਕਾਰ
ਸਿੱਖਿਆ ਵਿਭਾਗ
(ਸਿੱਖਿਆ-3 ਸ਼ਾਖਾ)

ਸੇਵਾ ਵਿਖੇ

ਪ੍ਰਿੰਸੀਪਲ,
ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਇੰਟਰਨੈਸ਼ਨਲ ਪਬਲਿਕ ਸਕੂਲ, ਚੁੱਘ,
ਜਿਲ੍ਹ ਅੰਮ੍ਰਿਤਸਰ।

ਮਿਤੀ,ਚੰਡੀਗੜ੍ਹ 30/6/2009

ਵਿਸ਼ਾ:- **ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਇੰਟਰਨੈਸ਼ਨਲ ਪਬਲਿਕ ਸਕੂਲ, ਚੁੱਘ, ਜਿਲ੍ਹਾ ਅੰਮ੍ਰਿਤਸਰ ਨੂੰ ਸੀ.ਬੀ.ਐਸ.ਈ. ਨਵੀਂ ਦਿੱਲੀ ਨਾਲ ਐਫੀਲੀਏਸ਼ਨ ਲੈਣ ਲਈ ਇਤਰਾਜ ਹੀਣਤਾ ਸਰਟੀਫਿਕੇਟ ਜਾਰੀ ਕਰਨ ਬਾਰੇ।**

****

ਸ੍ਰੀਮਾਨ ਜੀ,

ਉਪਰੋਕਤ ਵਿਸ਼ੇ ਦੇ ਹਵਾਲੇ ਵਿੱਚ।

2. ਆਪਦੇ ਸਕੂਲ ਦੀ ਮੈਨੇਜਮੈਂਟ ਵੱਲੋਂ ਪੇਸ਼ ਕੀਤੇ ਗਏ ਦਸਤਾਵੇਜਾਂ ਸਮੇਤ ਹਲਫੀਆ ਬਿਆਨ, ਜਿਲ੍ਹਾ ਸਿੱਖਿਆ ਅਫਸਰ (ਸੈ.ਸਿ.), ਅੰਮ੍ਰਿਤਸਰ ਅਤੇ ਡਾਇਰੈਕਟਰ ਸਿੱਖਿਆ ਵਿਭਾਗ (ਸੈ.ਸਿ), ਪੰਜਾਬ, ਚੰਡੀਗੜ੍ਹ ਦੀਆਂ ਸ਼ਿਫਾਰਸਾਂ ਨੂੰ ਗਹੁ ਨਾਲ ਵਿਚਾਰਨ ਤੋਂ ਬਾਅਦ ਪੰਜਾਬ ਸਰਕਾਰ ਵੱਲੋਂ ਲੋੜੀਂਦਾ ਇਤਰਾਜਹੀਣਤਾ ਸਰਟੀਫਿਕੇਟ ਹੇਠ ਲਿਖੀਆਂ ਸ਼ਰਤਾਂ ਤੇ ਦਿੱਤਾ ਜਾਂਦਾ ਹੈ:-

1. ਭਵਿੱਖ ਵਿੱਚ ਕਿਸੇ ਵੀ ਸਿਕਾਇਤ /ਇੰਸ਼ਪੈਕਸ਼ਨ ਹੋਣ ਤੇ ਜੇਕਰ ਇਹ ਤੱਥ ਸਾਹਮਣੇ ਆਉਂਦਾ ਹੈ ਕਿ ਆਪ ਵੱਲੋਂ ਇਤਰਾਜਹੀਣਤਾ ਸਰਟੀਫਿਕੇਟ ਲੈਣ ਸਮੇਂ ਸਰਕਾਰ ਨੂੰ ਗਲਤ ਸੂਚਨਾਂ ਦੇ ਆਧਾਰ ਤੇ ਦਰਖਾਸਤ ਦਿੱਤੀ ਗਈ ਹੈ ਅਤੇ ਜਾਂ ਪੰਜਾਬ ਸਰਕਾਰ ਵਲੋਂ ਸਮੇਂ ਸਮੇਂ ਸਿਰ ਜਾਰੀ ਕੀਤੀਆਂ ਹਦਾਇਤਾਂ ਦੀ ਆਪ ਵੱਲੋਂ ਪਾਲਣਾ ਨਹੀਂ ਕੀਤੀ ਜਾਂਦੀ ਅਤੇ ਇਸ ਤਰ੍ਹਾਂ ਹਲਫੀਆ ਬਿਆਨ ਵਿੱਚ ਦਿੱਤੀਆਂ ਲਿਖਤੀ ਸਰਤਾਂ ਨੂੰ ਨਹੀਂ ਮੰਨਿਆ ਜਾਂਦਾ ਰਿਹਾ, ਤਾਂ ਅਜਿਹੇ ਹਾਲਤ ਵਿੱਚ ਕਿਸੇ ਵੀ ਸਮੇਂ ਇਹ ਇਤਰਾਜਹੀਣਤਾ ਸਰਟੀਫਿਕੇਟ ਵਾਪਿਸ ਲਿਆ ਜਾ ਸਕਦਾ ਹੈ।

2. ਆਪ ਦੇ ਸਕੂਲ ਵਿੱਚ ਪੰਜਾਬੀ ਨੂੰ ਪੜ੍ਹਾਉਣਾ ਦਸਵੀਂ ਪੱਧਰ ਤੱਕ ਲਾਜਮੀ ਹੋਵੇਗਾ ਅਤੇ ਸੀ.ਬੀ.ਐਸ.ਈ. ਨਵੀਂ ਦਿੱਲੀ ਅਜਿਹੇ ਸਕੂਲਾਂ ਵਿੱਚ ਪੰਜਾਬੀ ਦਾ ਇਮਤਿਹਾਨ ਲੈਣ ਦਾ

ਚਲਦਾ ਪੰਨਾ/2

ਉਪਰਾਲਾ ਲਾਜਮੀ ਕਰੇਗਾ ਅਤੇ ਇਸ ਦੇ ਨਾਲ ਹੀ ਇਹ ਵੀ ਕਿਹਾ ਜਾਂਦਾ ਹੈ ਕਿ ਅਜਿਹਾ ਨਾ ਕਰਨ ਦੀ ਸੂਰਤ ਵਿੱਚ ਇਤਰਾਜਹੀਣਤਾ ਸਰਟੀਫਿਕੇਟ ਤੁਰੰਤ ਵਾਪਿਸ ਲੈ ਲਿਆ ਜਾਵੇਗਾ।

3 ਸੀ.ਬੀ.ਐਸ.ਈ. ਨਵੀਂ ਦਿੱਲੀ ਦੀ ਐਫੀਲੀਏਸ਼ਨ ਲੈਣ ਉਪਰੰਤ ਸਕੂਲ ਦੀ ਮੈਨੇਜਮੈਂਟ ਸਕੂਲ ਦੇ ਟੀਚਿੰਗ ਸਟਾਫ ਅਤੇ ਨਾਨ ਟੀਚਿੰਗ ਸਟਾਫ ਨੂੰ ਸਰਕਾਰੀ ਕਰਮਚਾਰੀਆਂ ਵਾਂਗ ਤਨਖਾਹ ਅਤੇ ਹੋਰ ਭੱਤੇ ਆਦਿ ਦੇਣ ਲਈ ਵਚਨਬੱਧ ਹੋਵੇਗੀ। ਅਜਿਹਾ ਨਾ ਕਰਨ ਦੀ ਸੂਰਤ ਵਿੱਚ ਇਤਰਾਜਹੀਣਤਾ ਸਰਟੀਫਿਕੇਟ ਤੁਰੰਤ ਵਾਪਿਸ ਲੈ ਲਿਆ ਜਾਵੇਗਾ।

4 ਤੁਸੀਂ ਖੁਦ ਤੇ ਤੁਹਾਡੀ ਮੈਨੇਜਮੈਂਟ ਇਹ ਵੀ ਯਕੀਨੀ ਬਣਾਏਗੀ ਕਿ ਤੁਹਾਡੇ ਜਿਲ੍ਹੇ ਦੇ ਜਿਲ੍ਹਾ ਸਿੱਖਿਆ ਅਫਸਰ ਵੱਲੋਂ ਜਾਂ ਸਿੱਖਿਆ ਵਿਭਾਗ ਦੇ ਕਿਸੇ ਸੀਨੀਅਰ ਅਧਿਕਾਰੀ ਵੱਲੋਂ ਜਦੋਂ ਵੀ ਕਿਸੇ ਤਰ੍ਹਾਂ ਦੀ ਸੂਚਨਾਂ ਦੀ ਮੰਗ ਕੀਤੀ ਜਾਂਦੀ ਹੈ ਤਾਂ ਉਸਨੂੰ ਲੋੜੀਂਦੀ ਸੂਚਨਾਂ ਉਪਲਬੱਧ ਕਰਵਾਈ ਜਾਵੇਗੀ ਅਤੇ ਨਾਲ ਹੀ ਲੋੜੀਂਦਾ ਸਹਿਯੋਗ ਵੀ ਦਿੱਤਾ ਜਾਵੇਗਾ।

ਵਿਸ਼ੇਸ਼ ਸਕੱਤਰ ਸਕੂਲ ਸਿੱਖਿਆ

----

ਪਿੱਠ ਅੰਕਣ ਨੰ: 2/90/09-2ਸਿ3/ ਮਿਤੀ,ਚੰਡੀਗੜ੍ਹ

ਉਤਾਰਾ ਡਾਇਰੈਕਟਰ, ਸਿੱਖਿਆ ਵਿਭਾਗ (ਸੈ.ਸਿ), ਪੰਜਾਬ,ਚੰਡੀਗੜ੍ਹ ਨੂੰ ਉਨ੍ਹਾਂ ਦੇ ਮੀਮੋ ਨੰ: 15/59-2009 ਗ੍ਰਾਂਟ 1(5) ਮਿਤੀ 26-6-09 ਦੇ ਹਵਾਲੇ ਵਿੱਚ ਭੇਜਕੇ ਬੇਨਤੀ ਕੀਤੀ ਜਾਂਦੀ ਹੈ ਕਿ ਉਪਰੋਕਤ ਸਕੂਲ ਦੀ ਹਰ ਪੰਜ ਸਾਲ ਵਿੱਚ ਘੱਟੋ-ਘੱਟ ਇੱਕ ਵਾਰ ਇੰਸ਼ਪੈਕਸ਼ਨ ਹਰ ਹਾਲਤ ਵਿੱਚ ਕਰਵਾਈ ਜਾਵੇ ਅਤੇ ਇੰਸ਼ਪੈਕਸ਼ਨ ਰਿਪੋਰਟ ਸਰਕਾਰ ਨੂੰ ਭੇਜੀ ਜਾਵੇ ਤਾਂ ਜੋ ਇਹ ਪਤਾ ਲਗਦਾ ਰਹੇ ਕਿ ਸਬੰਧਤ ਸਕੂਲ, ਪੰਜਾਬ ਸਰਕਾਰ ਵਲੋਂ ਜਾਰੀ ਹਦਾਇਤਾਂ ਦੀ ਇੰਨ ਬਿੰਨ ਪਾਲਣਾ ਕਰਦਾ ਰਿਹਾ ਹੈ ਜਾਂ ਨਹੀਂ।

2. ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਇੰਟਰਨੈਸ਼ਨਲ ਪਬਲਿਕ ਸਕੂਲ, ਚੁੱਘ ਜਿਲ੍ਹਾ ਅੰਮ੍ਰਿਤਸਰ ਦੀ ਮਿਸਲ ਮੂਲ ਰੂਪ ਵਿੱਚ ਵਾਪਸ ਭੇਜੀ ਜਾਂਦੀ ਹੈ।

(ਨੱਥੀ ਮਿਸਲ)

ਵਿਸ਼ੇਸ਼ ਸਕੱਤਰ ਸਕੂਲ ਸਿੱਖਿਆ